ਅਜੀਤ

ਵੀਰਵਾਰ, 22 ਜੂਨ, 201



ਬੇਲਾ ਕਾਲਜ ਵਿਖੇ ਬੀ.ਬੀ.ਏ. ਦੇ ਵਿਦਿਆਰਥੀਆਂ ਦੇ ਚੰਗੇ ਨਤੀਜੇ ਆਉਣ 'ਤੇ ਖ਼ੁਸ਼ੀ ਦਾ ਇਜ਼ਹਾਰ ਕਰਦੇ ਹੋਏ ਪ੍ਰਿੰ: ਸੁਰਮੁੱਖ ਸਿੰਘ, ਮੈਡਮ ਮਮਤਾ ਅਰੋੜਾ, ਸਟਾਫ਼ ਮੈਂਬਰ ਤੇ ਵਿਦਿਆਰਥੀ। ਤਸਵੀਰ: ਸੈਣੀ

# ਬੇਲਾ ਕਾਲਜ ਦੇ ਮੈਨੇਜਮੈਂਟ ਵਿਸ਼ੇ ਦਾ ਸ਼ਾਨਦਾਰ ਨਤੀਜਾ

ਬੇਲਾ, 21 ਜੂਨ (ਮਨਜੀਤ ਸਿੰਘ ਸੈਣੀ)- ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਕਾਲਜ ਬੇਲਾ ਦਾ ਬੀ.ਬੀ.ਏ ਭਾਗ ਤੀਜਾ ਦਾ ਨਤੀਜਾ ਸ਼ਾਨਦਾਰ ਰਿਹਾ। ਪ੍ਰਿੰਸੀਪਲ ਸੁਰਮੁੱਖ ਸਿੰਘ ਨੇ ਦੱਸਿਆ ਕਿ ਬੀ.ਬੀ.ਏ. ਭਾਗ ਤੀਜਾ ਦੇ ਵਿਚ ਕੁੱਲ 33 ਵਿਦਿਆਰਥੀ ਸਨ ਸਾਰੇ ਵਿਦਿਆਰਥੀ 75 ਫ਼ੀਸਦੀ ਤੋਂ ਉੱਤੇ ਅੰਕ ਪ੍ਰਾਪਤ ਕਰਕੇ ਪਾਸ ਹੋਏ ਹਨ। ਅਮਰਜੀਤ ਕੌਰ ਤੇ ਰਾਜਵੰਤ ਕੌਰ 91 ਫ਼ੀਸਦੀ ਅੰਕ ਹਾਸਿਲ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਰੁਪਿੰਦਰ ਕੌਰ ਤੇ ਨੀਰਜ ਬਾਲਾ ਨੇ 90 ਫ਼ੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਹਾਸਲ ਕੀਤਾ ਇਸ ਨਤੀਜੇ ਦਾ ਸਾਰਾ ਸਿਹਰਾ ਮੈਨੇਜਮੈਂਟ ਵਿਭਾਗ ਦੇ ਮੁਖੀ ਪ੍ਰੋ. ਗੁਰਲਾਲ ਸਿੰਘ ਤੇ ਉਨ੍ਹਾਂ ਦੇ ਅਧਿਆਪਕ ਸਾਥੀਆਂ ਨੂੰ ਜਾਂਦਾ ਹੈ। ਪ੍ਰਬੰਧਕ ਕਮੇਟੀ ਸਕੱਤਰ ਦੇਵਿੰਦਰ ਸਿੰਘ ਜਟਾਣਾ, ਮੈਨੇਜਰ ਸੁਖਵਿੰਦਰ ਸਿੰਘ ਵਿਸਕੀ, ਸੀਨੀਅਰ ਮੀਤ ਪ੍ਰਧਾਨ ਸੰਗਤ ਸਿੰਘ ਲੌਂਗੀਆ ਅਤੇ ਪ੍ਰਿੰਸੀਪਲ ਸੁਰਮੁੱਖ ਸਿੰਘ ਨੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡੇ ਤੇ ਵਧਾਈ ਦਿੱਤੀ। ਇਸ ਮੌਕੇ ਵਿਭਾਗ ਦੇ ਮੁਖੀ ਪ੍ਰੋਫੈਸਰ ਗੁਰਲਾਲ ਸਿੰਘ, ਪ੍ਰੋਫੈਸਰ ਮਮਤਾ ਅਰੋੜਾ, ਪ੍ਰੋ. ਗੁਰਿੰਦਰ ਸਿੰਘ, ਪ੍ਰੋ. ਪ੍ਰੀਤ ਕਮਲ ਕੌਰ, ਪ੍ਰੋ. ਸਤਪਾਲ, ਪ੍ਰੋ. ਸੁਨੀਤਾ ਰਾਣੀ, ਪ੍ਰੋ. ਤਰਨਜੀਤ ਕੌਰ, ਪ੍ਰੋ. ਹਰਪ੍ਰੀਤ ਸਿੰਘ, ਪ੍ਰੋ. ਮਨਦੀਪ ਸਿੰਘ ਹਾਜ਼ਰ ਸਨ।